## ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

## ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।

https://sssb.punjab.gov.in

# ਇਸ਼ਤਿਹਾਰ ਨੰਬਰ 12 ਆਫ 2024 ਗਰੁੱਪ - ਸੀ ਕਾਡਰ ਦੀਆਂ ਵੱਖ ਵੱਖ ਅਸਾਮੀਆਂ

| ਲੜੀ ਨੰ. | ਅਸਾਮੀ ਦਾ ਨਾਮ | ਅਸਾਮੀਆਂ ਦੀ ਗਿਣਤੀ |
|---|---|---|
| 1. | ਕਲਰਕ-ਕਮ-ਡਾਟਾ ਐਂਟਰੀ ਅਪਰੇਟਰ | 20 |
| 2. | ਗਲਾਸ ਬਲੋਅਰ-ਕਮ-ਸਟੋਰਕੀਪਰ | 1 |
| 3. | ਡਾਟਾ ਐਂਟਰੀ ਅਪਰੇਟਰ | 3 |
| 4. | ਲਾਈਬ੍ਰੇਰੀਅਨ | 1 |
| 5. | ਏ.ਸੀ ਓਪਰੇਟਰ-ਕਮ-ਮਕੈਨਿਕ | 1 |
| ਕੁਲ ਪੋਸਟਾਂ | | 26 |


| ਲੜੀ ਨੰ: | ਵੇਰਵਾ | ਪੰਨਾ ਨੰਬਰ |
|---|---|---|
| 1. | ਮਹੱਤਵਪੂਰਨ ਮਿਤੀਆਂ | 2 |
| 2. | ਜਾਣ-ਪਹਿਚਾਣ | 2 |
| 3. | ਅਸਾਮੀਆਂ ਦਾ ਕੈਟਾਗਰੀ ਵਾਈਜ਼ ਵਰਗੀਕਰਨ | 2 |
| 3A. | ਅਸਾਮੀਆਂ ਲਈ ਅਪਲਾਈ ਕਰਨ ਲਈ ਕੈਟਾਗਰੀ ਕੋਡ:- | 4 |
| 4. | ਤਨਖਾਹ ਸਕੇਲ ਅਤੇ ਭੱਤੇ | 5 |
| 5. | ਵਿੱਦਿਅਕ ਯੋਗਤਾ | 5-6 |
| 6. | ਉਮਰ ਸੀਮਾ | 7 |
| 7. | ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ | 7 |
| 8. | ਫੀਸ ਸਬੰਧੀ ਵੇਰਵਾ | 7-8 |
| 9. | ਚੋਣ ਵਿਧੀ / ਪ੍ਰੀਖਿਆ ਸਬੰਧੀ ਜਾਣਕਾਰੀ | 8 |
| 10. | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 9 |
| 11. | ਅਪਲਾਈ ਕਰਨ ਦੀ ਵਿਧੀ | 9-10 |
| 12. | ਬਿਨੈਕਾਰ ਦੇ ਧਿਆਨ ਹਿੱਤ ਜਰੂਰੀ ਹਦਾਇਤਾਂ | 10-11 |

| ਇਸ਼ਤਿਹਾਰ ਨੰ: 12 ਆਫ 2024 |
|---|

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।**

https://sssb.punjab.gov.in

## ਜਨਤਕ ਨਿਯੁਕਤੀਆਂ

**1. ਮਹੱਤਵਪੂਰਨ ਮਿਤੀਆਂ:**

| | | |
|---|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ:** | **- 30.07.2024** | |
| **ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ:** | **- 30.07.2024** | |
| **ਆਨਲਾਈਨ ਅਪਲਾਈ/ਸਬਮਿਟ ਕਰਨ ਦੀ ਆਖਰੀ ਮਿਤੀ:** | **- 19.08.2024** | **(ਸ਼ਾਮ 5:00 ਵਜੇ ਤੱਕ)** |
| **ਫੀਸ ਭਰਨ ਦੀ ਆਖਰੀ ਮਿਤੀ:** | **- 22.08.2024** | |

## ਡਿਟੇਲਡ ਸੂਚਨਾ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗੁਰੱਪ-ਬੀ, ਗਰੁਪ-ਸੀ ਅਤੇ ਗਰੁਪ-ਡੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

2. **ਜਾਣ-ਪਹਿਚਾਣ**

ਵਿਗਿਆਨ, ਤਕਨੀਕ ਅਤੇ ਵਾਤਾਵਰਣ ਵਿਭਾਗ ਅਧੀਨ ਪੰਜਾਬ ਪਰਦੂਸ਼ਨ ਰੋਕਥਾਮ ਬੋਰਡ, ਵਾਤਾਵਰਣ ਭਵਨ, ਨਾਭਾ ਰੋਡ, ਪਟਿਆਲਾ ਤੋਂ ਪ੍ਰਾਪਤ ਮੰਗ ਪੱਤਰ, ਅਸਾਮੀਆਂ ਦਾ ਵਰਗੀਕਰਨ ਅਤੇ ਪ੍ਰਾਪਤ ਨਿਯਮਾਂ ਅਨੁਸਾਰ ਵੱਖ ਵੱਖ ਗਰੁੱਪ-ਸੀ ਦੀ ਅਸਾਮੀਆਂ ਨੂੰ ਭਰਨ ਲਈ ਬੋਰਡ ਦੀ ਵੈਬਸਾਈਟ https://sssb.punjab.gov.in ਤੇ ਯੋਗ ਉਮੀਦਵਾਰਾਂ ਤੋਂ ਮਿਤੀ **30.07.2024** ਤੋਂ **19.08.2024**, ਸ਼ਾਮ 05:00 ਵਜੇ ਤੱਕ ਕੇਵਲ ਆਨਲਾਈਨ ਮੋਡ ਰਾਹੀਂ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

**3. ਅਸਾਮੀਆਂ ਦਾ ਕੈਟਾਗਰੀ ਵਾਈਜ਼ ਵਰਗੀਕਰਨ :-**

| Sr. No. | Name of Posts | Category | Total No. of Posts | Post reserved for women (out of A) |
|---|---|---|---|---|
| | | | (A) | (B) |
| 01 | Clerk-cum-Data Entry Operator | GENERAL | 6 | 3 |
| | | SC (M&B) | 1 | - |
| | | SC (R&O) | 3 | 1 |
| | | BC | 3 | 1 |
| | | EXSERVICEMEN GENERAL | 2 | 2 |
| | | EXSERVICEMEN SC (M&B) | 1 | - |
| | | PHYSICALLY HANDICAPPED I.D/M.D | 1 | 1 |
| | | FREEDOM FIGHTER | 1 | 1 |

| | | | | |
|---|---|---|---|---|
| | | ECONOMICALLY WEAKER SECTION | 2 | 0 |
| 02 | Glass Blower-cum-Storekeeper | General | 1 | - |
| 03 | Data Entry Operator | General | 2 | - |
| | | SC (M&B) | 1 | - |
| 04 | Librarian | General | 1 | - |
| 05 | A.C. Operator-cum-Mechanic | General | 1 | - |
| | Total | | 26 | 9 |

**ਨੋਟ: 1** (ੳ) ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ ਵਰਗੀਕਰਨ ਸਾਇੰਸ, ਤਕਨੀਕ ਅਤੇ ਵਾਤਾਵਰਣ ਵਿਭਾਗ, ਪੰਜਾਬ ਅਧੀਨ ਪੰਜਾਬ ਪਰਦੂਸ਼ਨ ਰੋਕਥਾਮ ਬੋਰਡ, ਵਾਤਾਵਰਣ ਭਵਨ, ਨਾਭਾ ਰੋਡ, ਪਟਿਆਲਾ ਵੱਲੋਂ ਪ੍ਰਾਪਤ ਮੰਗ ਪੱਤਰ ਦੇ ਅਧਾਰ ਤੇ ਦਰਸਾਇਆ ਗਿਆ ਹੈ। ਜੇਕਰ ਸਬੰਧਤ ਵਿਭਾਗ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਜਾਂ ਅਸਾਮੀਆਂ ਦੀ ਮੰਗ ਮੁਕੰਮਲ ਰੂਪ ਵਿੱਚ ਵਾਪਿਸ ਲੈਣ ਦਾ ਫੈਸਲਾ ਲੈਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਫੈਸਲਾ ਲੈਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ ਭਰਤੀ/ਇਸ਼ਤਿਹਾਰ ਵਿੱਚ ਸੋਧ ਕੀਤੀ ਜਾ ਸਕਦੀ ਹੈ। ਅਜਿਹੀ ਹਰ ਤਰਾਂ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ।

(ਅ) ਸਾਬਕਾ ਫੌਜੀ ਕੈਟਾਗਰੀ ਦੀਆਂ ਅਸਾਮੀਆਂ ਸਾਬਕਾ ਫੌਜੀ ਸੈਲਫ ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ। ਸਾਬਕਾ ਫੌਜੀ ਸੈਲਫ ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀਆਂ ਸਾਬਕਾ ਫੌਜੀ ਡਿਪੈਂਡੈਂਟ ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।

(ੲ) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ **08/05/2020** ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜੀ ਖੁਦ ਜਾਂ ਸਾਬਕਾ ਫੌਜੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਵੇਗੀ **:-**

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

"Provided further that when an ex-serviceman is not available for recruitment against a reserved vacancy and further no wife or dependent child of an Ex-serviceman is available for recruitment against a reserved vacancy, such shall be reserved to be filled in by recruitment of the grand child of a Gallantry Award Winner, in case the benefit of reservation has not been availed of by any of the children or dependents of such winner or by the winner himself subject to the conditions specified in the second proviso."

(ਸ) ਉਪਰੋਕਤ ਅਸਾਮੀਆਂ ਦੀ ਭਰਤੀ ਪੰਜਾਬ ਸਰਕਾਰ ਦੀ Notification titled as The Punjab Civil Services (Reservation of Posts for Women) Rules, 2020 ਨੰਬਰ G.S.R. 87/Const/Art.309 and 15/2020 ਮਿਤੀ 21/10/2020 ਅਤੇ ਸਮੇਂ ਸਮੇਂ ਤੇ ਹੋਣ ਵਾਲੀਆਂ ਸੋਧਾਂ ਅਨੁਸਾਰ ਕੀਤੀ ਜਾਵੇਗੀ।

(ਹ) ਉਪਰੋਕਤ ਅਸਾਮੀਆਂ ਦੀ ਭਰਤੀ ਪੰਜਾਬ ਸਰਕਾਰ ਦੀਆਂ ਹਦਾਇਤਾਂ Reservation for Economically Weaker Sections (EWSs) in direct recruitment in civil posts and services in the Government of Punjab, Letter No. 1/3/2019-RC1/120 fwsh 28/05/2019 ਅਨੁਸਾਰ ਕੀਤੀ ਜਾਵੇਗੀ।

**(ਕ)** ਪੰਜਾਬ ਸਰਕਾਰ, ਵਿਗਿਆਨ, ਤਕਨੀਕ ਅਤੇ ਵਾਤਾਵਰਣ ਵਿਭਾਗ ਤੋਂ ਪ੍ਰਾਪਤ ਵਿਭਾਗੀ ਨਿਯਮਾਂ ਮੁਤਾਬਕ 'Depatmental Examination and Training' ਸਬੰਧੀ ਹੇਠ ਲਿਖੇ ਅਨੁਸਾਰ ਉਪਬੰਧ ਕੀਤਾ ਗਿਆ ਹੈ:-

(A) Departmental Examination

(1) Employees appointed to a service, unless, they have already done so may pass withing a period of two and half years from date of their appointement such departmental examination as may be prescribed by the Authority form time to time.

Provided that Authority may for any sufficient cause, extend the period within which any member is required to pass the departmental examination.

(2) If any employee fails to pass the departmental examination within the speciffied period or within the extended period. If any, he shall no earn the future grade increments till such time he passes the departmental examination when the increments shall be released retrospectively:

Proivded that he shall not b entitled to get any arrears of the released grade increments for the period during which he could not pass the departmental examination.

**3A. ਅਸਾਮੀਆਂ ਲਈ ਅਪਲਾਈ ਕਰਨ ਲਈ ਕੈਟਾਗਰੀ ਕੋਡ:-**

| Sr. No. | Category | Code |
|---|---|---|
| 1 | General | 101 |
| 2 | Economically Weaker Section (GEN) | 102 |
| 3 | S.C. (Mazhbi & Balmiki) | 103 |
| 4 | S.C. (Ramdasia & Others) | 104 |
| 5 | B.C. (Backward Class) | 105 |
| 6 | Ex. Service Men-General (Self) | 106 |
| 7 | Ex. Service Men-General (Dependent) | 107 |
| 8 | Ex. Service Men –S.C.(Mazhbi & Balmiki) (Self) | 108 |
| 9 | Ex. Service Men –S.C. (Mazhbi & Balmiki) (Dependent) | 109 |
| 10. | Physical handicapped (MI /MD) | 120 |
| 11. | Freedom fighter | 121 |

**4. ਤਨਖਾਹ ਸਕੇਲ ਅਤੇ ਭੱਤੇ:-**

| ਲੜੀ ਨੰ. | ਪੋਸਟ | ਤਨਖਾਹ ਸਕੇਲ ਅਤੇ ਭੱਤੇ |
|---|---|---|
| 1. | **ਕਲਰਕ-ਕਮ-ਡਾਟਾ ਐਂਟਰੀ ਅਪਰੇਟਰ** | 19,900/- ਲੇਵਲ-2, ਸੈੱਲ-1 (ਸੱਤਵੇਂ ਕੇਂਦਰੀ ਪੇਅ ਕਮਿਸ਼ਨ ਮੁਤਾਬਕ) |
| 2. | **ਗਲਾਸ ਬਲੋਅਰ-ਕਮ-ਸਟੋਰਕੀਪਰ** | 25,500/- ਲੇਵਲ-4, ਸੈੱਲ-1 (ਸੱਤਵੇਂ ਕੇਂਦਰੀ ਪੇਅ ਕਮਿਸ਼ਨ ਮੁਤਾਬਕ) |
| 3. | **ਡਾਟਾ ਐਂਟਰੀ ਅਪਰੇਟਰ** | 19,900/- ਲੇਵਲ-2, ਸੈੱਲ-1 (ਸੱਤਵੇਂ ਕੇਂਦਰੀ ਪੇਅ ਕਮਿਸ਼ਨ ਮੁਤਾਬਕ) |
| 4. | **ਲਾਈਬ੍ਰੇਰੀਅਨ** | 29,200/- ਲੇਵਲ-5, ਸੈੱਲ-1 (ਸੱਤਵੇਂ ਕੇਂਦਰੀ ਪੇਅ ਕਮਿਸ਼ਨ ਮੁਤਾਬਕ) |
| 5. | **ਏ.ਸੀ ਓਪਰੇਟਰ-ਕਮ-ਮਕੈਨਿਕ** | 25,500/- ਲੇਵਲ-4, ਸੈੱਲ-1 (ਸੱਤਵੇਂ ਕੇਂਦਰੀ ਪੇਅ ਕਮਿਸ਼ਨ ਮੁਤਾਬਕ) |

**5. ਵਿੱਦਿਅਕ ਯੋਗਤਾ: -**

| Sr No | Name of Post | Educational Qualification |
|---|---|---|
| 1. | Clerk-cum-Data Entry Operator | Graduate from a recognized University or Institution and should have qualified a test in Punjabi and English typewriting at the speed of 30 words per minute either on computer or on manual or electronic typewriter.<br>Knowledge of Computer:<br>Possesses atleast one hundred twenty hours course with hands on experience in use of Personal Computer or Information technology in office Productivity applications or Desktop Publishing applications from a Government recognized Institution, which is ISO-9001, certified. OR Should possess qualification of a Computer Information Technology course equivalent to O-level certificate of Departmnt of Electronic Accreditation of Computer Course (DOEACC) of Govt. of India |
| 2. | Glass Blower-cum-Storekeeper | BSc with atleast two years experience as Glass Blower in a Govtnment Organisation Educational Institutional or concern of repute manufacturing laboratory glasswares. Prefernce will be to a person who have also experience in store keeping of laboratory chemicals and glasswares.<br>Knowledge of Computer:<br>The candidate must have undergone a computer course of six month duration from a reputed institution. |
| 3. | Data Entry Operator | Matriculation in Ist Class 10+2 Intermediate in Second Class or Grduate of a recognized Education Board or university with Diploma in Programming or Systems from some training intitutions and should have knowledge of typing both in English and Punjabi |

| | | |
|---|---|---|
| | | at a mininmum speed of 30 W.P.M and should have worked on computer for atleast two years in Govt. Deptt./ Public Sector undertaking or concern of repute. |
| 4. | Librarian | 1st class Bachelor's degree from a recognized university with 1st class degree in Library Science. Preference will be given to candidates having experience in Library Science in a Government Deptt or in affiliated/recognized Educational Institutions<br>Knowledge of Computer:<br>The candidate must have undergone a computer course of six months duration from a reputed institute. |
| 5. | A.C. Operator-cum-Mechanic | Matric with I.T.I with two years trade certificate in the trade concerned and atleast three years experience in operation maintainence of A.C. plant.<br>or<br>Matric with atleast 5 years experience in Operation/Maintenance of A.C. plant. |

**ਨੋਟ-**

(A) ਉਪਰ ਦਰਸਾਈਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994, ਦੇ ਨਿਯਮ 17 ਤਹਿਤ ਦਸਵੀਂ ਪੱਧਰ ਤੇ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਣੀ ਲਾਜ਼ਮੀ ਹੈ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:-

> ***"17.Knowledge of Punjabi Language-*** *No person shall be appointed to any post in any service by direct appointment unless he has passed Matriculation examination with Punjabi as one of the compulsory or elective subjects or any other equivalent examination in Punjabi language which may be specified by the Government from time to time."*

(B) ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਨੰ; GSR72/Const./Art.309/Amd.(22)/2022, ਮਿਤੀ 28.10.2022 ਅਨੁਸਾਰ ਉਮੀਦਵਾਰ ਨੂੰ ਦਸਵੀਂ ਪੱਧਰ ਦੀ ਪੰਜਾਬੀ ਭਾਸ਼ਾ ਦੀ qualifying nature ਦੀ ਪ੍ਰੀਖਿਆ ਵਿੱਚ 50% ਅੰਕ ਲੈਣੇ ਲਾਜ਼ਮੀ ਹਨ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:

> "Provided that no person shall be appointed to any post in Group-'C' service unless he had passed a qualifying test of Punjabi Language equivalent to Matriculation standard with at least fifty per cent marks, to be conducted by respective recruitment agencies in addition to competitive examination. The test pf Punjabi Language shall be a mandatory qualifying test and failure to secure a minimum of fifty per cent marks in Punjabi Language will disqualify the candidate for being considered in the final merit list of candidates to be selected irrespective of their scores or marks in other papers of the respective exam.

(C) ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ ਸਰਟੀਫਿਕੇਟ/ਤਜਰਬਾ ਸਰਟੀਫਿਕੇਟ ਅਪਲਾਈ ਕਰਨ ਦੀ ਅੰਤਿਮ ਮਿਤੀ ਤੋਂ ਪਹਿਲਾਂ ਦਾ ਜਾਰੀ ਹੋਇਆ ਹੋਣਾ ਜਰੂਰੀ ਹੈ।

6. **ਉਮਰ ਸੀਮਾ:-** ਉਪਰੋਕਤ ਅਸਾਮੀਆਂ ਲਈ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01-01-2024 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ:

(I) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਅਤੇ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(II) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਸੀਮਾ 42 ਸਾਲ ਹੋਵੇਗੀ।

(III) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(IV) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of Ex-servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮ੍ਹਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(V) ਪੰਜਾਬ ਦੇ ਵਸਨੀਕ ਅੰਗਹੀਣਾਂ ਲਈ ਉਪਰਲੀ ਉਮਰ ਸੀਮਾ ਵਿੱਚ 10 ਸਾਲ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

(VI) The upper age limit for widows, divorcees and certain other categories of married women as per instructions issued by the Government of Punjab vide Letter No. 1/50/83-5PP(1368)/3454 Dated 23/04/1984 will be relaxed up to 40 years.

7. **Reservation / ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ:-**

(I) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਰਾਜ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ।

(II) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਜਾਰੀ ਹੋਇਆ ਸਰਟੀਫਿਕੇਟ (Domicile Certificate) ਅਪਲੋਡ/ਪੇਸ਼ ਕਰੇਗਾ। ਇਹ ਸਰਟੀਫਿਕੇਟ ਅਪਲੋਡ/ਪੇਸ਼ ਕਰਨ ਸਮੇਂ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(III) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀ/LDC/EWS/Freedom Fighter/Physically Handicapped ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

8. **ਫੀਸ ਸਬੰਧੀ ਵੇਰਵਾ:-**

ਆਮ ਵਰਗ (GEN)/ਸੁਤੰਤਰਤਾ ਸੰਗਰਾਮੀ/ਖਿਡਾਰੀ - 1000/- ਰੁ:

ਐਸ.ਸੀ.(SC)/ਬੀ.ਸੀ.(BC)/ਆਰਥਿਕ ਤੌਰ ਤੇ ਕਮਜੋਰ ਵਰਗ (EWS) - 250/- ਰੁ:

ਸਾਬਕਾ ਫੌਜੀ ਅਤੇ ਆਸ਼ਰਿਤ (Ex-servicemen Self & Dependent) - 200/- ਰੁ:

ਅੰਗਹੀਣ (Handicapped) - 500/- ਰੁ:

**ਨੋਟ: ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਵੇਗੀ।**

**9. ਚੋਣ ਵਿਧੀ/ਪ੍ਰੀਖਿਆ ਸਬੰਧੀ ਜਾਣਕਾਰੀ:-**

i. ਪ੍ਰਕਾਸ਼ਿਤ ਕੀਤੀਆਂ ਸਾਰੀਆਂ ਅਸਾਮੀਆਂ ਲਈ ਉਮੀਦਵਾਰਾਂ ਦੀ ਚੋਣ ਕਰਨ ਲਈ Objective type (Multiple Choice Questions) ਲਿਖਤੀ ਪ੍ਰੀਖਿਆ ਹੋਵੇਗੀ।

ii. ਇਹ Objective type (Multiple Choice Questions) ਲਿਖਤੀ ਪ੍ਰੀਖਿਆ ਦੋ ਭਾਗਾਂ (Part A & B) ਵਿੱਚ ਹੋਏਗੀ। Part-A ਵਿੱਚ ਦਸਵੀਂ ਪੱਧਰ ਦੀ ਪੰਜਾਬੀ ਭਾਸ਼ਾ ਦਾ ਪੇਪਰ ਹੋਏਗਾ, ਜੋ ਕਿ ਸਿਰਫ qualifying nature ਦਾ ਹੋਏਗਾ। ਇਹ ਪੇਪਰ qualify ਕਰਨ ਲਈ ਘੱਟੋ-ਘੱਟ 50% ਅੰਕ ਪ੍ਰਾਪਤ ਕਰਨੇ ਜਰੂਰੀ ਹਨ।

iii. ਉਮੀਦਵਾਰਾਂ ਦੀ ਮੈਰਿਟ ਸੂਚੀ (Merit List) ਲਿਖਤੀ ਪ੍ਰੀਖਿਆ ਦੇ ਸਿਰਫ Part-B ਵਿੱਚ ਪ੍ਰਾਪਤ ਅੰਕਾਂ ਦੇ ਆਧਾਰ ਤੇ ਤਿਆਰ ਕੀਤੀ ਜਾਏਗੀ।

iv. ਕਲਰਕ-ਕਮ-ਡਾਟਾ ਐਂਟਰੀ ਅਪਰੇਟਰ ਅਤੇ ਡਾਟਾ ਐਂਟਰੀ ਅਪਰੇਟਰਾਂ ਦੀਆਂ ਪੋਸਟਾਂ ਲਈ Part-B ਦੀ ਲਿਖਤੀ ਪ੍ਰੀਖਿਆ ਦੀ ਮੈਰਿਟ ਵਿਚ ਆਏ ਉਮੀਦਵਾਰਾਂ ਵਿੱਚੋਂ ਸਮਰੱਥ ਅਥਾਰਟੀ ਵੱਲੋਂ ਲਏ ਗਏ ਫੈਸਲੇ ਅਨੁਸਾਰ ਨਿਰਧਾਰਤ ਗਿਣਤੀ ਵਿੱਚ ਬੁਲਾਏ ਜਾਣ ਵਾਲੇ ਉਮੀਦਵਾਰਾਂ ਦਾ ਅੰਗਰੇਜੀ ਅਤੇ ਪੰਜਾਬੀ ਵਿੱਚ 30 ਸ਼ਬਦ ਪ੍ਰਤੀ ਮਿੰਟ ਦੀ ਸਪੀਡ ਨਾਲ ਟਾਈਪ ਟੈਸਟ ਲਿਆ ਜਾਵੇਗਾ। ਅੰਗਰੇਜੀ ਅਤੇ ਪੰਜਾਬੀ ਦਾ ਟਾਈਪ ਟੈਸਟ ਕੰਪਿਊਟਰ ਤੇ ਲਿਆ ਜਾਵੇਗ। ਪੰਜਾਬੀ ਦਾ ਟਾਈਪ ਟੈਸਟ Unicode Compliant Font Raavi ਵਿੱਚ ਲਿਆ ਜਾਵੇਗਾ। ਅੰਗਰੇਜੀ ਅਤੇ ਪੰਜਾਬੀ ਦਾ ਟਾਇਪ ਟੈਸਟ ਕੇਵਲ Qualifying Nature ਦਾ ਹੋਵੇਗਾ। ਅੰਗ੍ਰੇਜੀ ਅਤੇ ਪੰਜਾਬੀ ਟਾਈਪ ਟੈਸਟ ਪਾਸ ਉਮੀਦਵਾਰਾਂ ਦੀ Common Merit List ਲਿਖਤੀ ਪ੍ਰੀਖਿਆ ਵਿੱਚ ਪ੍ਰਾਪਤ ਅੰਕਾਂ ਦੇ ਅਧਾਰ ਤੇ ਤਿਆਰ ਕੀਤੀ ਜਾਵੇਗੀ। ਟਾਈਪ ਟੈਸਟ ਵਿੱਚ ਪਾਸ ਉਮੀਦਵਾਰਾਂ ਵਿੱਚੋਂ ਸਮਰੱਥ ਅਥਾਰਟੀ ਵੱਲੋਂ ਲਏ ਗਏ ਫੈਸਲੇ ਅਨੁਸਾਰ ਨਿਰਧਾਰਤ ਗਿਣਤੀ ਵਿੱਚ ਉਮੀਦਵਾਰਾਂ ਨੂੰ ਕੌਂਸਲਿੰਗ ਲਈ ਬੁਲਾਇਆ ਜਾਵੇਗਾ।

v. **ਗਲਾਸ ਬਲੋਅਰ-ਕਮ-ਸਟੋਰਕੀਪਰ, ਲਾਈਬ੍ਰੇਰੀਅਨ ਅਤੇ ਏ.ਸੀ ਓਪਰੇਟਰ-ਕਮ-ਮਕੈਨਿਕ ਦੀਆਂ ਪੋਸਟਾਂ ਲਈ** ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਬੋਰਡ ਵੱਲੋਂ ਲਏ ਗਏ ਫੈਸਲੇ ਅਨੁਸਾਰ ਉਮੀਦਵਾਰਾਂ ਨੂੰ ਹਰ ਤਰ੍ਹਾਂ ਦੇ ਦਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਕਾਊਂਸਲਿੰਗ ਲਈ ਬੁਲਾਇਆ ਜਾਵੇਗਾ।

vi. ਇਸ ਇਸ਼ਤਿਹਾਰ ਵਿੱਚ ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਦੀ ਕਾਊਂਸਲਿੰਗ ਉਪਰੰਤ ਮੁਕੰਮਲ ਤੌਰ ਤੇ ਸਫਲ/ਯੋਗ ਪਾਏ ਗਏ ਉਮੀਦਵਾਰਾਂ ਦੇ ਨਾਮ, ਅਸਾਮੀਆਂ ਦੀ ਉਸ ਸਮੇਂ ਦੀ ਮੌਜੂਦਾ ਗਿਣਤੀ (ਜੋ ਕਿ ਸਬੰਧਤ ਵਿਭਾਗ ਦੇ ਹੁਕਮਾਂ/ਹਦਾਇਤਾਂ ਅਨੁਸਾਰ ਭਰਤੀ ਪ੍ਰਕੀਰਿਆ ਦੌਰਾਨ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ) ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਭੇਜੀ ਜਾਵੇਗੀ।

vii. ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਦੇ ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿੰਚ ਵੱਧ ਅੰਕ ਹਾਸਿਲ ਕਰਲ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ।

viii. ਪ੍ਰਕਾਸ਼ਿਤ ਕੀਤੀਆਂ ਸਾਰੀਆਂ ਅਸਾਮੀਆਂ ਦੀ ਕਾਉਂਸਲਿੰਗ ਲਈ ਬੁਲਾਏ ਗਏ ਉਮੀਦਵਾਰਾਂ ਨੂੰ ਉਨ੍ਹਾਂ ਦੀ ਯੋਗਤਾ/ਪਾਤਰਤਾ ਤੇ ਆਧਾਰ ਤੇ ਬਿਨੈ ਕਰਨ ਵਾਲੀ ਸ਼੍ਰੇਣੀ/ਅਸਾਮੀ ਕੋਡ ਵਿੱਚ ਹੀ ਵਿਚਾਰਿਆ ਜਾਵੇਗਾ।

ix. ਲਿਖਤੀ ਪ੍ਰੀਖਿਆ ਅਤੇ ਟਾਈਪ ਟੈਸਟ ਲਈ ਰੋਲ ਨੰਬਰ, ਸਲੇਬਸ ਅਤੇ ਹੋਰ ਜਾਣਕਾਰੀ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ। ਇਸ ਲਈ ਉਮੀਦਵਾਰ ਸਮੇਂ ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ।

**10. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:**

ਹੇਠ ਲਿਖੀ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ:

(I) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣਾ,

(II) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(III) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰਕੀਰਿਆ ਮੁਕੰਮਲ ਨਾ ਕਰਨਾ,

(IV) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,

(V) ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,

(VI) ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਆਨਲਾਈਨ ਬਿਨੈ ਕਰਨ ਦੀ ਪ੍ਰਕੀਰਿਆ ਦੀ ਥਾਂ ਕਿਸੇ ਹੋਰ ਪ੍ਰਕੀਰਿਆ ਰਾਹੀਂ ਬਿਨੈ ਕਰਨਾ।

(VII) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣ/ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸ ਕੈਟਾਗਰੀ ਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ।

**11. ਅਪਲਾਈ ਕਰਨ ਦੀ ਵਿਧੀ:**

(I)ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ "Online Applications" ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ ਮਿਤੀ 30.07.2024 ਤੋਂ 19.08.2024 ਸ਼ਾਮ 5:00 ਵਜ਼ੇ ਤੱਕ ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਰੱਦ ਸਮਝੀ ਜਾਵੇਗੀ।

(II) ਆਨਲਾਈਨ ਅਪਲਾਈ ਕਰਨ ਦੀਆਂ ਹਦਾਇਤਾਂ (procedure) ਬੋਰਡ ਦੀ ਵੈਬਸਾਈਟ ਤੇ ਮੌਜੂਦ ਇਸ ਭਰਤੀ ਦੇ ਲਿੰਕ ਹੇਠ ਦਰਜ਼ ਹਨ। ਉਮੀਦਵਾਰ ਇਸ ਲਿੰਕ ਤੇ ਕਲਿਕ ਕਰਨ ਉਪਰੰਤ ਇੰਨ੍ਹਾਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹ ਕੇ ਹੀ ਹਰ ਇੱਕ Step ਨੂੰ ਸਫਲਤਾਪੂਰਵਕ ਮੁਕੰਮਲ ਕਰਨ।

(III) ਉਮੀਦਵਾਰ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿਕ ਕਰਕੇ ਸਭ ਤੋਂ ਪਹਿਲਾਂ ਨਿੱਜੀ ਡਿਟੇਲ ਭਰਕੇ ਰਜਿਸਟਰੇਸ਼ਨ ਕਰਨਗੇ। ਰਜਿਸਟਰੇਸ਼ਨ ਸਫਲ ਹੋਣ ਉਪਰੰਤ Username ਅਤੇ Password Generate ਹੋ ਜਾਏਗਾ, ਜਿਸਦੀ ਵਰਤੋਂ ਕਰਕੇ ਉਮੀਦਵਾਰ ਫਿਰ ਤੋਂ Login ਕਰਕੇ Step-wise ਹਰ ਪੱਖੋਂ ਮੁੰਕਮਲ Application Form ਭਰਨਗੇ ਅਤੇ ਇਸਨੂੰ Submit ਕਰਨਗੇ। ਪ੍ਰੰਤੂ ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(IV) ਉਮੀਦਵਾਰ Online Application Form ਭਰਨ ਸਮੇਂ ਆਪਣੀ ਪਾਸਪੋਰਟ ਸਾਈਜ਼ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਮੈਟਰਿਕ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ, ਗਰੈਜੁਏਸ਼ਨ, ਪੋਸਟ ਗਰੇਜੁਏਸ਼ਨ, ਕੰਪਿਊਟਰ ਯੋਗਤਾ ਅਤੇ ਕੈਟਾਗਰੀ ਆਦਿ ਨਾਲ ਸਬੰਧਤ ਸਰਟੀਫਿਕੇਟ ਸਕੈਨ ਕਰਕੇ ਅਪਲੋਡ ਕਰਨਗੇ। ਇੰਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਅਤੇ ਮੁਕੰਮਲ Online Application -- Form Submit ਹੋਣ ਉਪਰੰਤ ਹੀ ਫੀਸ ਜਮ੍ਹਾ/ਅਦਾ ਕੀਤੀ ਜਾ ਸਕੇਗੀ।

(V) ਅਪਲਾਈ ਕਰਨ ਦੀ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 22.08.2024 ਹੋਵੇਗੀ। **ਫੀਸ ਭਰਨ ਲਈ ਉਮੀਦਵਾਰ ਨੂੰ ਰਜਿਸਟਰੇਸ਼ਨ ਕਰਵਾਉਣ ਉਪਰੰਤ "Upload Photo Sign/Pay Fee/Print Application" ਲਿੰਕ ਤੇ ਕਲਿਕ ਕਰਕੇ Login ਕਰਨਗੇ। Login ਕਰਨ ਲਈ Registration Number ਅਤੇ ਜਨਮ ਮਿਤੀ DD/MM/YYYY ਫਾਰਮੈਟ ਵਿੱਚ ਭਰਨੀ ਹੋਵੇਗੀ।**

(VI) **ਉਮੀਦਵਾਰ Online Application Submit ਕਰਨ ਉਪਰੰਤ ਵੈਬਸਾਈਟ ਤੇ ਮੌਜੂਦ "Upload Photo Sign/Pay Fee/Print Application" ਲਿੰਕ ਤੇ ਕਲਿੱਕ ਕਰਕੇ ਫੀਸ ਦਾ ਭੁਗਤਾਨ ਕਰ ਸਕਣਗੇ।** ਉਮੀਦਵਾਰ Online Application Form Submit/ ਜਮ੍ਹਾਂ ਹੋਣ ਦੀ ਮਿਤੀ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੀ ਮਿਤੀ ਤੋਂ ਲੈ ਕੇ **ਫੀਸ ਅਦਾ ਕਰਨ ਦੀ ਆਖਰੀ ਮਿਤੀ** 22.08.2024 ਸ਼ਾਮ 05:00 ਵਜੇ ਤੱਕ, ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ Net Banking ਜਾਂ Credit Card ਜਾਂ Debit Card ਜਾਂ UPI ਰਾਹੀਂ ਫੀਸ ਜਮ੍ਹਾ ਕਰਵਾ ਸਕਣਗੇ। ਕਿਸੇ ਕਾਰਨ ਫੀਸ ਜਮਾਂ ਨਾ ਹੋਣ ਦੀ ਸੂਰਤ ਵਿੱਚ ਬੋਰਡ ਦੀ ਕੋਈ ਜੁੰਮੇਵਾਰੀ ਨਹੀਂ ਹੋਵੇਗੀ। **ਫੀਸ ਭਰਨ ਉਪਰੰਤ ਐਪਲੀਕੇਸ਼ਨ ਫਾਰਮ ਦਾ ਪ੍ਰਿੰਟ ਆਊਟ ਨਿਕਲਣ ਤੇ ਹੀ ਆਨਲਾਈਨ ਪ੍ਰਤੀਬੇਨਤੀ ਮੁਕੰਮਲ ਮੰਨੀ ਜਾਵੇਗੀ।**

(VII) ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application Form ਸਵੀਕਾਰ ਕੀਤਾ ਜਾਵੇਗਾ। ਇਸ ਉਪਰੰਤ ਹੀ ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਦੋ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application Form Generate/Download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜਿੰਮੇਵਾਰ ਹੋਣਗੇ।

(VIII) ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ Application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(IX) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(X) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(XI) Net Banking/Credit Card/Debit Card ਰਾਹੀਂ ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

**12. ਬਿਨੈਕਾਰਾਂ ਦੇ ਧਿਆਨ ਹਿਤ ਜ਼ਰੂਰੀ ਹਦਾਇਤਾਂ:**

(ੳ) ਉਮੀਦਵਾਰ ਕੈਟਾਗਰੀ ਅਤੇ ਕੈਟਾਗਰੀ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਭਰਨ ਕਿਉਂਕਿ ਫਾਰਮ ਭਰਨ ਉਪਰੰਤ ਕਿਸੇ ਵੀ ਸਟੇਜ ਤੇ ਕੈਟਾਗਰੀ ਅਤੇ ਕੈਟਾਗਰੀ ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(ਅ). ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜਿੰਮੇਵਾਰ ਹੋਵੇਗਾ। ਉਮੀਦਵਾਰ ਵੱਲੋਂ ਇੱਕ ਵਾਰ ਸਬਮਿਟ ਕੀਤਾ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(ੲ) ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇੰਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਨਾ ਲਵੇ। ਜੇਕਰ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਲੈਣ ਦੀ ਸਥਿਤੀ ਵਿੱਚ ਕੋਈ ਗਲਤੀ ਹੋ ਜਾਂਦੀ ਹੈ ਤਾਂ ਫਾਰਮ ਵਿੱਚ ਕੋਈ ਸੋਧ ਨਹੀਂ ਕੀਤੀ ਜਾਵੇਗੀ।

(ਸ) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ।

(ਹ) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Card, ਪ੍ਰੀਖਿਆ ਕੇਂਦਰ ਦੀ ਜਾਣਕਾਰੀ, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। **ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਅਤੇ ਵਿਅਕਤੀਗਤ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਏਗੀ।** ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(ਖ) ਉਮੀਦਵਾਰ ਕਾਊਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ, ਤਕਨੀਕੀ ਯੋਗਤਾ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਰਸਤਾਵੇਜ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦੇ ਹੋਣੇ ਚਾਹੀਦੇ ਹਨ।

(ਗ) ਲਿਖਤੀ ਪ੍ਰੀਖਿਆ, ਟਾਈਪ ਟੈਸਟ ਅਤੇ ਕਾਊਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(ਘ)ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ 10.00 am ਤੋਂ 04-00 pm ਤੱਕ ਬੋਰਡ ਦੇ ਦਫਤਰੀ ਫੋਨ ਨੰ: 0172-2298000 (ਐਕਸਟੈਂਸਨ 5106 ਅਤੇ 5107) ਤੇ ਅਤੇ ਈਮੇਲ ਆਈ.ਡੀ. helpsssb2203@gmail.com ਜਾਂ secy.sssb@gmail.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(ਞ) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

**ਸਹੀ/-**

**ਸਥਾਨ: ਐਸ.ਏ.ਐਸ. ਨਗਰ** **ਸਕੱਤਰ**

**ਮਿਤੀ: 29.07.2024** **ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**